# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 14-06-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਸਾਈਪ੍ਰਸ, ਕੈਨੇਡਾ ਅਤੇ ਕ੍ਰੋ-ਏਸ਼ੀਆ ਦੇ ਪੰਜ ਦਿਨਾਂ ਦੌਰੇ 'ਤੇ ਹੋਣਗੇ ਰਵਾਨਾ।
- ਆਯੁਸ਼ ਮੰਤਰੀ ਪ੍ਰਤਾਵ ਰਾਓ ਜਾਧਵ ਨੇ ਕਿਹਾ -ਯੋਗ, ਆਲਮੀ ਭਲਾਈ ਲਈ ਭਾਰਤ ਦੀ ਇੱਛਾ ਨੂੰ ਦਰਸਾਉਂਦਾ ਏ।
- IIT ਰੋਪੜ ਨੇ, ਇੰਡੀਅਨ ਇੰਸਟੀਚਿਊਸ਼ਨਲ ਰੈਂਕਿੰਗ ਫਰੇਮਵਰਕ ਵਲੋਂ ਜਾਰੀ, ਚੋਟੀ ਦੇ ਇੰਜੀਨੀਅਰਿੰਗ ਕਾਲਜਾਂ ਦੀ ਰੈਂਕਿੰਗ ਵਿੱਚ 12ਵਾਂ ਸਥਾਨ ਹਾਸਲ ਕੀਤਾ।
- ਖ਼ੂਨਦਾਨ ਕਰਨ ਵਾਲਿਆਂ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕਰਨ ਲਈ, ਅੱਜ ਵਿਸ਼ਵ ਖ਼ੂਨਦਾਨੀ ਦਿਵਸ ਮਨਾਇਆ ਜਾ ਰਿਹਾ ਏ ।

- ਪੰਜਾਬ ਸਮੇਤ ਉੱਤਰੀ ਭਾਰਤ 'ਚ ਗਰਮੀ ਦਾ ਕਹਿਰ ਜਾਰੀ - ਮੌਸਮ ਵਿਭਾਗ ਨੇ ਅੱਜ ਪੰਜਾਬ ਤੇ ਹਰਿਆਣਾ ਵਿਚ ਗਰਜ ਨਾਲ ਮੀਹਂ ਪੈਣ ਦੀ ਪੇਸ਼ੀਨਗੋਈ ਕੀਤੀ ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਸਾਈਪ੍ਰਸ, ਕੈਨੇਡਾ ਅਤੇ ਕ੍ਰੋਏਸ਼ੀਆ ਦੇ ਪੰਜ ਦਿਨਾਂ ਦੌਰੇ 'ਤੇ ਰਵਾਨਾ ਹੋਣਗੇ। ਪ੍ਰਧਾਨ ਮੰਤਰੀ ਮੋਦੀ ਸਾਈਪ੍ਰਸ ਦੇ ਰਾਸ਼ਟਰਪਤੀ ਨਿਕੋਸ ਕ੍ਰਿਸਟੋਡੌ-ਲਿਡੇਸ ਦੇ ਸੱਦੇ 'ਤੇ ਕੱਲ੍ਹ ਸਾਈਪ੍ਰਸ ਦਾ ਅਧਿਕਾਰਤ ਦੌਰਾ ਸ਼ੁਰੂ ਕਰਨਗੇ। ਇਹ ਦੋ ਦਹਾਕਿਆਂ ਵਿੱਚ ਕਿਸੇ ਭਾਰਤੀ ਪ੍ਰਧਾਨ ਮੰਤਰੀ ਦਾ ਸਾਈਪ੍ਰਸ ਦਾ ਪਹਿਲਾ ਦੌਰਾ ਹੋਵੇਗਾ। ਪ੍ਰਧਾਨ ਮੰਤਰੀ ਮੋਦੀ, ਲਿਮਾ-ਸੋਲ ਵਿੱਚ ਵਪਾਰਕ ਆਗੂਆਂ ਨੂੰ ਸੰਬੋਧਨ ਕਰਨਗੇ। ਇਹ ਦੌਰਾ ਦੋਵਾਂ ਦੇਸ਼ਾਂ ਦੀ ਦੁਵੱਲੇ ਸਬੰਧਾਂ ਨੂੰ ਡੂੰਘਾ ਕਰਨ ਅਤੇ ਭੂਮੱਧ ਸਾਗਰ ਖੇਤਰ ਅਤੇ ਯੂਰਪੀਅਨ ਯੂਨੀਅਨ ਨਾਲ ਭਾਰਤ ਦੇ ਸਬੰਧਾਂ ਨੂੰ ਮਜ਼ਬੂਤ ਕਰਨ ਦੀ ਸਾਂਝੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰੇਗਾ। ਸ਼੍ਰੀ ਮੋਦੀ ਜੀ-7 ਸੰਮੇਲਨ ਵਿੱਚ ਸ਼ਾਮਲ ਹੋਣ ਲਈ 16 ਜੂਨ ਨੂੰ

ਕੈਨੇਡਾ ਜਾਣਗੇ ਅਤੇ 18 ਜੂਨ ਨੂੰ ਕਰੋਏਸ਼ੀਆ ਦਾ ਅਧਿਕਾਰਤ ਦੌਰਾ ਕਰਨਗੇ।

-----------------------------------------------------------------

ਸਰਕਾਰ ਨੇ ਅਹਿਮਦਾਬਾਦ ਵਿਚ ਏਅਰ ਇੰਡੀਆ ਹਵਾਈ ਹਾਦਸੇ ਦੇ ਕਾਰਨਾਂ ਦੀ ਜਾਂਚ ਲਈ, ਇੱਕ ਉੱਚ ਪੱਧਰੀ ਬਹੁ-ਪੱਖੀ ਕਮੇਟੀ ਬਣਾਈ ਏ ।

ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੇ ਕਿਹਾ ਕਿ ਕਮੇਟੀ ਮੌਜੂਦਾ ਮਿਆਰੀ ਸੰਚਾਲਨ ਪ੍ਰਕਿਰਿਆਵਾਂ ਅਤੇ ਅਜਿਹੀਆਂ ਘਟਨਾਵਾਂ ਨੂੰ ਰੋਕਣ ਅਤੇ ਸੰਭਾਲਣ ਲਈ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਜਾਂਚ ਕਰੇਗੀ। ਇਹ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨਾਲ ਨਜਿੱਠਣ ਲਈ ਵਿਆਪਕ ਦਿਸ਼ਾ-ਨਿਰਦੇਸ਼ਾਂ ਦਾ ਸੁਝਾਅ ਵੀ ਦੇਵੇਗੀ।

-----------------------------------------------------------------

ਅਹਿਮਦਾਬਾਦ ਵਿੱਚ ਏਅਰ ਇੰਡੀਆ ਦੇ ਹਵਾਈ ਜਹਾਜ਼ ਹਾਦਸੇ ਵਿੱਚ ਮਰਨ ਵਾਲਿਆਂ ਦੀ ਗਿਣਤੀ 254 ਹੋ ਗਈ ਏ । ਜਹਾਜ਼ ਵਿੱਚ ਕੁੱਲ

242 ਲੋਕ ਸਵਾਰ ਸਨ। ਜਹਾਜ਼ ਵਿੱਚ 12 ਚਾਲਕ ਦਲ ਦੇ ਮੈਂਬਰ ਵੀ ਸਨ। ਹਾਦਸੇ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਜਾਂਚ ਜਾਰੀ ਏ। ਹਵਾਈ ਜਹਾਜ਼ ਹਾਦਸੇ ਬਾਰੇ ਜਾਂਚ ਬਿਊਰੋ ਦੀ ਟੀਮ ਨੇ ਹਾਦਸੇ ਵਾਲੀ ਥਾਂ ਤੋਂ ਜਹਾਜ਼ ਦਾ ਬਲੈਕ BOX ਬਰਾਮਦ ਕਰ ਲਿਆ ਏ।

-----------------------------------------------------

ਓਧਰ ਗ੍ਰਹਿ ਰਾਜ ਮੰਤਰੀ ਹਰਸ਼ ਸੰਘਵੀ ਨੇ ਅੱਜ ਫੋਰੈਂਸਿਕ ਸਾਇੰਸ ਲੈਬਾਰਟਰੀ ਅਤੇ ਨੈਸ਼ਨਲ ਫੋਰੈਂਸਿਕ ਸਾਇੰਸਜ਼ ਯੂਨੀਵਰਸਿਟੀ ਗਾਂਧੀਨਗਰ ਦਾ ਦੌਰਾ ਕੀਤਾ ਅਤੇ ਡੀ.ਐਨ.ਏ ਟੈਸਟਿੰਗ ਪ੍ਰਕਿਰਿਆ ਦਾ ਜਾਇਜ਼ਾ ਲਿਆ।

-----------------------------------------------------

ਆਯੁਸ਼ ਮੰਤਰੀ ਪ੍ਰਤਾਪ ਰਾਓ ਜਾਧਵ ਨੇ ਕਿਹਾ ਏ ਕਿ ਯੋਗ, ਵਿਸ਼ਵ ਭਲਾਈ ਲਈ ਭਾਰਤ ਦੀ ਇੱਛਾ ਨੂੰ ਦਰਸਾਉਂਦਾ ਏ। ਨਵੀਂ ਦਿੱਲੀ ਵਿੱਚ ਆਲਮੀ ਸੰਮੇਲਨ-ਯੋਗਾ ਕਨੈਕਟ ਵਿੱਚ ਬੋਲਦਿਆਂ, ਸ਼੍ਰੀ ਜਾਧਵ ਨੇ ਕਿਹਾ ਕਿ ਯੋਗ ਵਿਸ਼ਵ ਸ਼ਾਂਤੀ ਲਈ ਭਾਰਤ ਦਾ ਤੋਹਫ਼ਾ ਅਤੇ ਵਿਰਾਸਤ

ਏ। ਉਨ੍ਹਾਂ ਕਿਹਾ ਕਿ ਯੋਗਾ ਨਾ ਸਿਰਫ਼ ਬਿਮਾਰੀਆਂ ਨੂੰ ਰੋਕਦਾ ਏ ਬਲਕਿ ਰੁਜ਼ਗਾਰ ਦੇ ਨਵੇਂ ਮੌਕੇ ਵੀ ਪ੍ਰਦਾਨ ਕਰਦਾ ਏ।

**BYTE:**

ਇਸ ਮੌਕੇ ਸੱਭਿਆਚਾਰ ਅਤੇ ਸੈਰ-ਸਪਾਟਾ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨੇ ਕਿਹਾ ਕਿ ਯੋਗ ਧਰਮ, ਲਿੰਗ ਅਤੇ ਭਾਸ਼ਾ ਦੀਆਂ ਹੱਦਾਂ ਤੋਂ ਪਰੇ ਏ।

**BYTE**

ਆਯੁਸ਼ ਮੰਤਰੀ ਨੇ ਕਿਹਾ ਕਿ ਯੋਗਾ ਧਰਮ ਅਤੇ ਭਾਸ਼ਾ ਦੀਆਂ ਹੱਦਾਂ ਤੋਂ ਪਾਰ ਏ। ਯੋਗਾ ਕਨੈਕਟ ਇੱਕ ਆਲਮੀ ਸੰਮੇਲਨ ਏ ਜੋ ਦੁਨੀਆ ਭਰ ਦੇ ਯੋਗ ਗੁਰੂਆਂ, ਨੀਤੀ ਨਿਰਮਾਤਾਵਾਂ, ਸਿਹਤ ਮਾਹਿਰਾਂ ਅਤੇ ਮਸ਼ਹੂਰ ਹਸਤੀਆਂ ਨੂੰ ਇੱਕ ਮੰਚ 'ਤੇ ਇਕੱਠਾ ਕਰਦਾ ਏ।

---

ਭਾਰਤੀ ਤਕਨਾਲੋਜੀ ਸੰਸਥਾਨ ਰੋਪੜ ਨੇ, ਇੰਡੀਅਨ ਇੰਸਟੀਚਿਊਸ਼ਨਲ ਰੈਂਕਿੰਗ ਫਰੇਮਵਰਕ ਵਲੋਂ ਜਾਰੀ ਦੇਸ਼ ਦੇ ਇੰਜੀਨੀਅਰਿੰਗ ਕਾਲਜਾਂ ਦੀ ਰੈਂਕਿੰਗ ਵਿੱਚ, 12ਵਾਂ ਸਥਾਨ ਹਾਸਲ ਕਰਕੇ ਇੱਕ ਸ਼ਾਨਦਾਰ ਪ੍ਰਾਪਤੀ

ਕੀਤੀ ਏ। ਇਹ ਵੱਕਾਰੀ ਰੈਂਕਿੰਗ ਭਾਰਤ ਭਰ ਵਿੱਚ 2,500 ਤੋਂ ਵੱਧ ਸੰਸਥਾਵਾਂ ਦਾ ਮੁਲਾਂਕਣ ਕਰਦੀ ਏ ।
IIT ਰੋਪੜ ਨੇ ਅਕਾਦਮਿਕ ਅਤੇ ਖੋਜ ਗਤੀਵਿਧੀਆਂ ਵਿੱਚ ਆਪਣੇ ਬੇਮਿਸਾਲ ਮਾਪਦੰਡਾਂ ਦਾ ਪ੍ਰਦਰਸ਼ਨ ਕਰਦਿਆਂ ਨਵੀਨਤਾ ਨੂੰ ਉਤਸ਼ਾਹਿਤ ਕਰਨ ਲਈ ਆਪਣੀ ਵਚਨਬੱਧਤਾ ਨੂੰ ਉਜਾਗਰ ਕੀਤਾ ਏ। ਡਾਇਰੈਕਟਰ, ਪ੍ਰੋ: ਰਾਜੀਵ ਆਹੂਜਾ ਨੇ ਸੰਸਥਾ ਦੇ ਵਧ ਰਹੇ ਪ੍ਰਭਾਵ ਲਈ ਆਪਣਾ ਉਤਸ਼ਾਹ ਪ੍ਰਗਟ ਕਰਦਿਆਂ ਸਮੂਹ ਸਟਾਫ ਤੇ ਹੋਰਨਾਂ ਨੂੰ ਇਸ ਉਪਲਬਧੀ ਲਈ ਵਧਾਈ ਦਿੱਤੀ । ਉਨ੍ਹਾਂ ਕਿਹਾ ਕਿ ਸੰਸਥਾਨ ਖੋਜ ਨੂੰ ਅੱਗੇ ਵਧਾਉਣ ਅਤੇ ਸਵਦੇਸ਼ੀ ਨਿਰਮਾਣ 'ਤੇ ਨਿਰਭਰਤਾ ਨੂੰ ਘਟਾਉਣ ਲਈ ਵਚਨਬੱਧ ਏ।

---

ਅੱਜ ਵਿਸ਼ਵ ਖੂਨਦਾਨੀ ਦਿਵਸ ਏ। ਇਹ ਹਰ ਸਾਲ 14 ਜੂਨ ਨੂੰ ਖੂਨਦਾਨ ਦੀ ਜ਼ਰੂਰਤ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਖੂਨਦਾਨ ਕਰਨ ਵਾਲਿਆਂ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕਰਨ ਲਈ ਮਨਾਇਆ ਜਾਂਦਾ ਏ।

*ਪੇਸ਼ ਏ ਇੱਕ ਰਿਪੋਰਟ :ਵਿਸ਼ਵ ਸਿਹਤ ਸੰਗਠਨ ਵੱਲੋਂ 2004 ਵਿੱਚ, ਵਿਸ਼ਵ ਖੂਨਦਾਨੀ ਦਿਵਸ ਮਨਾਉਣ ਦਾ ਐਲਾਨ ਕੀਤਾ ਗਿਆ ਸੀ। 14 ਜੂਨ ਦੀ ਤਰੀਕ, ਆਸਟ੍ਰੀਆ ਦੇ ਵਿਗਿਆਨੀ Karl Landsteiner ਦੇ ਜਨਮਦਿਨ ਦੀ ਯਾਦ ਵਿੱਚ ਚੁਣੀ ਗਈ, ਜਿਨ੍ਹਾਂ ਨੇ 1901 ਵਿੱਚ, "ABO ਬਲੱਡ ਗਰੁੱਪ ਸਿਸਟਮ" ਦੀ ਖੋਜ ਕੀਤੀ ਸੀ। ਇਸ ਖੋਜ ਨੇ ਸੁਰੱਖਿਅਤ ਖੂਨ ਚੜ੍ਹਾਉਣ ਅਤੇ ਆਧੁਨਿਕ ਬਲੱਡ ਬੈਂਕਿੰਗ ਦੀ ਨੀਂਹ ਰੱਖੀ। ਇਸ ਸਾਲ ਦਾ ਵਿਸ਼ਾ "Give blood, give hope: together we save lives" ਰੱਖਿਆ ਗਿਆ ਏ ਜੋ ਸਵੈ-ਇੱਛਾ ਨਾਲ ਖੂਨਦਾਨ ਦੀ ਭੂਮਿਕਾ ਨੂੰ ਉਜਾਗਰ ਕਰਦਾ ਏ । ਇਸ ਮੌਕੇ ਖੂਨਦਾਨ ਕਰਨ ਵਿਚ ਆਪਣਾ ਯੋਗਦਾਨ ਪਾਉਣ ਲਈ "ਸਟਾਰ ਕਪਲ ਬਲੱਡ ਡੋਨਰ" ਵਜੋਂ ਜਾਣੇ ਜਾਂਦੇ, ਹੁਸ਼ਿਆਰਪੁਰ ਵਾਸੀ ਬਹਾਦੁਰ ਸਿੰਘ ਸਿੱਧੂ ਅਤੇ ਜਤਿੰਦਰ ਕੌਰ ਸਿੱਧੂ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ।*

*BYTE*

*ਇਹ ਦਿਹਾੜਾ ਸਰਕਾਰਾਂ, ਸਿਹਤ ਸੰਗਠਨਾਂ ਅਤੇ ਭਾਈਚਾਰਿਆਂ ਨੂੰ,*

***ਖ਼ੂਨਦਾਨ ਪ੍ਰਣਾਲੀਆਂ ਨੂੰ ਬਿਹਤਰ ਬਣਾਉਣ ਅਤੇ ਲੋੜਵੰਦਾਂ ਲਈ, ਖ਼ੂਨ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ, ਇਕੱਠੇ ਕੰਮ ਕਰਨ ਲਈ ਵੀ ਉਤਸ਼ਾਹਿਤ ਕਰਦਾ ਏ।***

---------------------------------------------------------

ਓਧਰ ਵਿਸ਼ਵਾਸ ਫਾਊਂਡੇਸ਼ਨ ਪੰਚਕੂਲਾ ਅਤੇ ਰੇਸਤਰਾਂ ਨੇ ਅਤਿ ਦੀ ਗਰਮੀ ਕਾਰਨ ਹਸਪਤਾਲਾਂ ਵਿੱਚ ਖ਼ੂਨ ਦੀ ਕਮੀ ਨੂੰ ਪੂਰਾ ਕਰਨ ਲਈ, ਮੋਹਾਲੀ ਵਿਚ  ਸਾਂਝੇ ਤੌਰ 'ਤੇ ਖ਼ੂਨਦਾਨ ਕੈਂਪ ਲਗਾਇਆ।ਕੈਂਪ ਵਿੱਚ 38 ਯੂਨਿਟ ਖ਼ੂਨ ਇਕੱਠਾ ਕੀਤਾ ਗਿਆ । ਵਿਸ਼ਵਾਸ ਫਾਊਂਡੇਸ਼ਨ ਦੀ ਪ੍ਰਧਾਨ ਸਾਧਵੀ ਨੀਲਿਮਾ ਵਿਸ਼ਵਾਸ ਨੇ ਸਾਰੇ ਖ਼ੂਨਦਾਨੀਆਂ ਨੂੰ ਪ੍ਰਸ਼ੰਸਾ ਪੱਤਰ ਅਤੇ ਤੋਹਫ਼ੇ ਦੇ ਕੇ ਉਤਸ਼ਾਹਿਤ ਕੀਤਾ । ਉਨ੍ਹਾਂ ਕਿਹਾ ਕਿ ਕਿ ਕੈਂਪ ਦਾ ਉਦਘਾਟਨ ਭਾਰਤੀ ਰੈੱਡ ਕਰਾਸ ਸੋਸਾਇਟੀ ਜ਼ਿਲ੍ਹਾ ਸ਼ਾਖਾ ਮੋਹਾਲੀ ਦੇ ਸਕੱਤਰ ਹਰਬੰਸ ਸਿੰਘ ਨੇ ਦਾਨੀਆਂ ਨੂੰ ਬੈਜ ਲਗਾ ਕੇ ਕੀਤਾ ਅਤੇ ਖ਼ੂਨਦਾਨ ਕਰਨ ਆਏ ਲੋਕਾਂ ਨੂੰ ਪ੍ਰੇਰਿਤ ਵੀ ਕੀਤਾ।

---------------------------------------------------------

ਵਜਰ ਕੋਰ ਦੇ ਜਨਰਲ ਅਫ਼ਸਰ ਕਮਾਂਡਰ, ਲੈਫਟੀਨੈਂਟ ਜਨਰਲ ਅਜੈ

ਚਾਂਦਪੁਰੀਆ ਨੇ ਜਲੰਧਰ ਵਿਖੇ ਐੱਨ.ਸੀ.ਸੀ ਕੈਡਿਟਾਂ ਨਾਲ ਮੁਲਾਕਾਤ ਕਰਕੇ ਇੱਕ ਪ੍ਰੇਰਣਾਦਾਇਕ ਭਾਸ਼ਣ ਦਿੱਤਾ । ਐੱਨ.ਸੀ.ਸੀ ਗਰੁੱਪ ਕਮਾਂਡਰ ਬ੍ਰਿਗੇਡੀਅਰ ਅਜੈ ਤਿਵਾੜੀ ਅਤੇ ਹੋਰ ਐੱਨਸੀਸੀ ਕਮਾਂਡਰਾਂ ਨੇ ਉਨ੍ਹਾਂ ਦਾ ਸਵਾਗਤ ਕੀਤਾ । ਲੈਫਟੀਨੈਂਟ ਜਨਰਲ ਨੇ ਐੱਨ.ਸੀ.ਸੀ ਕੈਡਿਟਾਂ ਅਤੇ ਇੰਸਟ੍ਰਕਟਰ ਅਫਸਰਾਂ ਨਾਲ ਗੱਲਬਾਤ ਕੀਤੀ।\ ਉਨ੍ਹਾਂ ਨੇ ਕੈਡਿਟਾਂ ਨੂੰ ਆਪ੍ਰੇਸ਼ਨ ਸਿੰਦੂਰ ਦੇ ਫ਼ੌਜੀ ਮਹੱਤਵ ਬਾਰੇ ਦੱਸਦਿਆਂ ਕਿਹਾ ਕਿ ਆਪ੍ਰੇਸ਼ਨ ਸਿੰਦੂਰ ਭਾਰਤੀ ਫ਼ੌਜ ਦੀ ਹਿੰਮਤ ਅਤੇ ਫੌਜੀ ਸ਼ਕਤੀ ਦਾ ਪ੍ਰਤੀਕ ਬਣ ਗਿਆ ਏ । ਵੱਖ-ਵੱਖ ਐੱਨਸੀਸੀ ਬਟਾਲੀਅਨਾਂ ਦੇ ਕਮਾਂਡਿੰਗ ਅਫਸਰਾਂ ਨੇ ਨੌਜਵਾਨਾਂ ਦੇ ਚਰਿੱਤਰ ਨੂੰ ਢਾਲਣ ਵਿੱਚ ਐਨ.ਸੀ.ਸੀ ਦੀ ਮਹੱਤਤਾ ਬਾਰੇ ਚਰਚਾ ਕੀਤੀ। ਲੈਫਟੀਨੈਂਟ ਜਨਰਲ ਅਜੈ ਚਾਂਦਪੁਰੀਆ ਨੇ ਕੈਡਿਟਾਂ ਦੀ ਪ੍ਰਸ਼ੰਸਾ ਕੀਤੀ। ਇਸ ਮੌਕੇ ਉਨ੍ਹਾਂ ਚੁਣੇ ਗਏ ਕੈਡਿਟਾਂ ਨੂੰ ਉਨ੍ਹਾਂ ਦੀ ਭਾਗੀਦਾਰੀ ਲਈ ਸਨਮਾਨਿਤ ਵੀ ਕੀਤਾ ਗਿਆ।

---

ਪੰਜਾਬ ਸਰਕਾਰ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹਾ ਮੋਗਾ ਵਿੱਚੋਂ

ਬਾਲ ਮਜ਼ਦੂਰੀ ਖਤਮ ਕਰਨ ਲਈ ਬਾਲ ਅਤੇ ਕਿਸ਼ੋਰ ਮਜ਼ਦੂਰੀ ਖਾਤਮਾ ਹਫਤੇ ਦੀ ਸ਼ੁਰੂਆਤ ਕੀਤੀ ਗਈ ਏ। ਇਹ ਹਫਤਾ 20 ਜੂਨ ਤੱਕ ਮਨਾਇਆ ਜਾਵੇਗਾ। ਡਿਪਟੀ ਕਮਿਸ਼ਨਰ ਸਾਗਰ ਸੇਤੀਆ ਨੇ ਸੰਬਧਤ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਨੇ ਜਿਸਤੇ ਕਾਰਵਾਈ ਕਰਦੇ ਹੋਏ ਪੁਲਿਸ ਅਤੇ ਬਾਲ ਸੁਰੱਖਿਆ ਇਕਾਈ ਦੇ ਨੁਮਾਦਿਆਂ ਵੱਲੋਂ ਮੋਗਾ ਸ਼ਹਿਰ ਵਿਖੇ ਅਚਨਚੇਤ ਚੈਕਿੰਗ ਕੀਤੀ ਗਈ। ਲੇਬਰ ਇੰਫੋਰਸਮੈਂਟ ਅਫ਼ਸਰ ਕਰਨ ਗੋਇਲ ਨੇ ਦੱਸਿਆ ਕਿ ਚੈਕਿੰਗ ਦੌਰਾਨ ਇੱਕ ਬਾਲ ਕਿਰਤੀ ਕੰਮ ਕਰਦਾ ਪਾਇਆ ਗਿਆ ਅਤੇ ਟੀਮ ਵੱਲੋਂ ਪ੍ਰਬੰਧਕਾਂ ਖਿਲਾਫ ਮੌਕੇ ਉਪਰ ਬਣਦੀ ਕਾਨੂੰਨੀ ਕਾਰਵਾਈ ਕੀਤੀ ਗਈ।\ ਡਿਪਟੀ ਕਮਿਸ਼ਨਰ ਨੇ ਸਮੂਹ ਕਾਰੋਬਾਰੀਆਂ, ਸੰਸਥਾਵਾਂ ਨੂੰ ਦੱਸਿਆ ਕਿ ਬਾਲ ਮਜਦੂਰੀ ਕਾਨੂੰਨੀ ਅਪਰਾਧ ਏ ਇਸਤੋਂ ਦੂਰ ਰਿਹਾ ਜਾਵੇ, ਇਸ ਅਪਰਾਧ ਲਈ ਜੁਰਮਾਨਾ ਅਤੇ ਸਜ਼ਾ ਦੋਨੋਂ ਹੋ ਸਕਦੇ ਨੇ।

---------------------------------------------------

ਕੈਲਾਸ਼ ਮਾਨਸਰੋਵਰ ਯਾਤਰਾ ਲਈ ਜਾਣ ਵਾਲੇ ਸ਼ਰਧਾਲੂਆਂ ਦਾ ਪਹਿਲਾ ਜੱਥਾ ਕੱਲ੍ਹ ਸਿੱਕਮ ਦੀ ਰਾਜਧਾਨੀ ਗੰਗਟੋਕ ਪਹੁੰਚੇਗਾ । ਸਿੱਕਮ

ਸਰਕਾਰ ਨੇ ਉਨ੍ਹਾਂ ਦੇ ਸਵਾਗਤ ਲਈ ਸਾਰੇ ਜ਼ਰੂਰੀ ਪ੍ਰਬੰਧ ਕੀਤੇ ਨੇ । ਕੈਲਾਸ਼ ਮਾਨਸਰੋਵਰ ਯਾਤਰਾ 20 ਜੂਨ ਤੋਂ ਸ਼ੁਰੂ ਹੋ ਰਹੀ ਏ । ਆਕਾਸ਼ਵਾਣੀ ਖਬਰਾਂ ਨਾਲ ਗੱਲਬਾਤ ਕਰਦਿਆਂ ਸੈਰ-ਸਪਾਟਾ ਅਤੇ ਸ਼ਹਿਰੀ ਹਵਾਬਾਜ਼ੀ ਵਿਭਾਗ ਦੇ ਵਧੀਕ ਮੁੱਖ ਸਕੱਤਰ ਸੀ.ਐਸ. ਰਾਓ ਨੇ ਕਿਹਾ ਕਿ ਮੁੱਖ ਮੰਤਰੀ ਪ੍ਰੇਮ ਸਿੰਘ ਤਮਾਂਗ ਨਾਥੂ ਲਾ ਦੱਰੇ ਤੋਂ ਯਾਤਰਾ ਨੂੰ ਝੰਡੀ ਦਿਖਾਉਣਗੇ। ਉਨ੍ਹਾਂ ਕਿਹਾ ਕਿ 35 ਸ਼ਰਧਾਲੂਆਂ ਦਾ ਇੱਕ ਸਮੂਹ ਕੁਝ ਸਰਕਾਰੀ ਅਧਿਕਾਰੀਆਂ ਦੇ ਨਾਲ ਕੱਲ੍ਹ ਗੰਗਟੋਕ ਪਹੁੰਚੇਗਾ। ਸ਼ਰਧਾਲੂਆਂ ਦਾ ਹਰੇਕ ਜੱਥਾ 11 ਤੋਂ 12 ਦਿਨਾਂ ਵਿੱਚ ਕੈਲਾਸ਼ ਮਾਨਸਰੋਵਰ ਯਾਤਰਾ ਪੂਰੀ ਕਰੇਗਾ। ਇਸ ਸਾਲ ਨਾਥੂ ਲਾ ਦੱਰੇ ਤੋਂ ਕੈਲਾਸ਼ ਮਾਨਸਰੋਵਰ ਯਾਤਰਾ ਲਈ ਕੁੱਲ 10 ਜੱਥੇ ਭੇਜੇ ਜਾਣਗੇ।

---------------------------------------------------------------

ਜਲੰਧਰ ਕਮਿਸ਼ਨਰੇਟ ਪੁਲਿਸ ਵੱਲੋਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਸ਼ਹਿਰ ਦੀਆਂ ਵੱਖ-ਵੱਖ ਥਾਵਾਂ 'ਤੇ ਇੱਕ ਵਿਸ਼ੇਸ਼ ਤਲਾਸ਼ੀ ਅਭਿਆਨ ਚਲਾਇਆ ਗਿਆ । ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਦੇ ਦੱਸਿਆ ਕਿ ਸ਼ਨਾਖਤ ਕੀਤੇ ਗਏ

ਡਰੱਗ ਹੋਟਸਪੋਟਸ ਧਨਕੀਆ ਮੁਹੱਲਾ, ਬਾਬਾ ਦੀਪ ਸਿੰਘ ਨਗਰ, ਸਮੇਤ ਹੋਰਨਾਂ ਥਾਵਾਂ ਤੇ ਆਪ੍ਰੇਸ਼ਨ ਚਲਾਇਆ ਗਿਆ। ਪੁਲਿਸ ਟੀਮਾਂ ਨੇ ਨਸ਼ਾ ਤਸਕਰੀ ਦੇ ਨੈੱਟਵਰਕਾਂ ਨਾਲ ਕਥਿਤ ਤੌਰ 'ਤੇ ਜੁੜੇ ਵਿਅਕਤੀਆਂ ਦੇ ਘਰਾਂ ਅਤੇ ਸ਼ੱਕੀ ਟਿਕਾਣਿਆਂ 'ਤੇ ਪੂਰੇ ਤਾਲਮੇਲ ਨਾਲ ਛਾਪੇਮਾਰੀ ਕਰਕੇ ਡੂੰਘਾਈ ਨਾਲ ਤਲਾਸ਼ੀ ਲਈ ਗਈ। ਕਮਿਸ਼ਨਰੇਟ ਪੁਲਿਸ ਵੱਲੋਂ ਨਾਗਰਿਕਾਂ ਨੂੰ ਆਪਣੇ ਇਲਾਕੇ ਵਿੱਚ ਨਸ਼ੇ ਨਾਲ ਸਬੰਧਤ ਕਿਸੇ ਵੀ ਗਤੀਵਿਧੀ ਦੀ ਰਿਪੋਰਟ ਨਸ਼ਾ ਵਿਰੋਧੀ ਹੈਲਪਲਾਈਨ 97-79-10-02-00 ’ਤੇ ਕਰਨ ਦੀ ਅਪੀਲ ਕੀਤੀ।

---------------------------------------------------

ਜ਼ਿਲਾ ਫਤੇਹਗੜ੍ਹ ਸਾਹਿਬ ਪੁਲਿਸ ਨੇ ਆਬਕਾਰੀ ਵਿਭਾਗ ਨਾਲ ਸਾਂਝੀ ਕਾਰਵਾਈ ਵਿੱਚ, ਇੱਕ ਕਾਰ ਵਿਚੋਂ ਤਸਕਰੀ ਕੀਤੀ ਜਾ ਰਹੀ ਦੇਸੀ ਸ਼ਰਾਬ ਦੀਆਂ 27 ਪੇਟੀਆਂ ਬਰਾਮਦ ਕੀਤੀਆਂ ਨੇ। ਪੁਲਿਸ ਨੇ ਕਾਰ ਚਾਲਕ ਸਤੀਸ਼ ਕੁਮਾਰ ਨੂੰ ਗ੍ਰਿਫ਼ਤਾਰ ਕਰ ਲਿਆ ਏ.ਐਸ.ਆਈ ਬਲਜਿੰਦਰ ਸਿੰਘ ਨੇ ਦੱਸਿਆ ਕਿ ਪਿੰਡ ਖੇੜਾ ਨੇੜੇ ਨਾਕੇ ਦੌਰਾਨ ਕਾਰ ਦੀ ਤਲਾਸ਼ੀ ਲਈ ਗਈ ਤਾਂ ਉਸ ਵਿੱਚੋਂ 27 ਪੇਟੀਆਂ ਸ਼ਰਾਬ ਬਰਾਮਦ

ਹੋਈਆਂ । ਦੱਸਿਆ ਗਿਆ ਕਿ ਬਰਾਮਦ ਕੀਤੀ ਗਈ ਸਾਰੀ ਸ਼ਰਾਬ ਚੰਡੀਗੜ੍ਹ ਵਿੱਚ ਸਪਲਾਈ ਹੋਣੀ ਸੀ। ਪੁਲਿਸ ਨੇ ਮਾਮਲੇ ਦੀ ਅਗਲੇਰੀ ਜਾਂਚ ਕਰ ਰਹੀ ਏ।

-----------------------------------------------------------

ਪੰਜਾਬ ਵਿੱਚ ਗਰਮੀ ਦਾ ਕਹਿਰ ਜਾਰੀ ਏ। ਮੌਸਮ ਵਿਭਾਗ ਨੇ ਅੱਜ ਵੀ ਓਰੇਂਜ ਅਲਰਟ ਜਾਰੀ ਕੀਤਾ ਏ। ਬਠਿੰਡਾ ਵਿੱਚ ਵੱਧ ਤੋਂ ਵੱਧ ਤਾਪਮਾਨ 46 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜੋ ਪਿਛਲੇ 3 ਤੋਂ 4 ਦਿਨਾਂ ਤੋਂ ਲਗਾਤਾਰ ਭਿਆਨਕ ਗਰਮੀ ਦੀ ਲਪੇਟ ਵਿੱਚ ਏ । ਓਧਰ ਮੌਸਮ ਵਿਭਾਗ ਨੇ ਉੱਤਰ-ਪੱਛਮੀ ਭਾਰਤ ਵਿੱਚ ਆਉਣ ਵਾਲੇ ਦਿਨਾਂ ਵਿੱਚ ਭਿਆਨਕ ਗਰਮੀ ਤੋਂ ਰਾਹਤ ਮਿਲਣ ਦੀ ਉਮੀਦ ਜਤਾਈ ਏ । ਆਕਾਸ਼ਵਾਣੀ ਖਬਰਾਂ ਨਾਲ ਗੱਲਬਾਤ ਕਰਦਿਆਂ ਮੌਸਮ ਵਿਭਾਗ ਦੇ ਵਿਗਿਆਨੀ ਨਰੇਸ਼ ਕੁਮਾਰ ਨੇ ਕਿਹਾ ਕਿ ਅੱਜ ਸ਼ਾਮ ਪੰਜਾਬ, ਹਰਿਆਣਾ, ਦਿੱਲੀ ਅਤੇ ਆਸ ਪਾਸ ਦੇ ਇਲਾਕਿਆਂ ਵਿੱਚ ਗਰਜ ਨਾਲ ਮੀਂਹ ਪੈ ਸਕਦਾ ਏ।

---

ਸੜਕ ਸੁਰੱਖਿਆ ਅਤੇ ਟਰਾਂਸਪੋਰਟ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਮੋਹਾਲੀ ਦੇ ਖੇਤਰੀ ਟ੍ਰਾਂਸਪੋਰਟ ਦਫ਼ਤਰ ਵਲੋਂ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ। ਇਸ ਦੌਰਾਨ 12 ਵਾਹਨਾਂ ਨੂੰ ਉਲੰਘਣਾ ਕਰਨ ਤੇ 6 ਲੱਖ ਰੁਪਏ ਦੇ ਚਲਾਨ ਜਾਰੀ ਕੀਤੇ ਗਏ । ਖੇਤਰੀ ਟਰਾਂਸਪੋਰਟ ਅਫਸਰ, ਰਾਜਪਾਲ ਸਿੰਘ ਸੇਖੋਂ ਅਨੁਸਾਰ ਇਨ੍ਹਾਂ ਚਲਾਨਾਂ ਵਿੱਚ ਮੁੱਖ ਤੌਰ 'ਤੇ ਟੈਕਸ ਦੀ ਚੋਰੀ, ਓਵਰਲੋਡਿੰਗ ਅਤੇ ਮੋਟਰ ਵਾਹਨ ਕਾਨੂੰਨ ਦੀਆਂ ਹੋਰ ਉਲੰਘਣਾਵਾਂ ਸ਼ਾਮਲ ਸਨ। ਇਹ ਕਾਰਵਾਈ ਵਪਾਰਕ ਵਾਹਨਾਂ ਦੀ ਲੰਘੀ ਰਾਤ ਚੈਕਿੰਗ ਦੌਰਾਨ ਕੀਤੀ ਗਈ।

---

- ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਕੱਲ੍ਹ ਸਾਈਪ੍ਰਸ, ਕੈਨੇਡਾ ਅਤੇ ਕ੍ਰੋ-ਏਸ਼ੀਆ ਦੇ ਪੰਜ ਦਿਨਾਂ ਦੌਰੇ 'ਤੇ ਹੋਣਗੇ ਰਵਾਨਾ ।
- ਆਯੁਸ਼ ਮੰਤਰੀ ਪ੍ਰਤਾਵ ਰਾਓ ਜਾਧਵ ਨੇ ਕਿਹਾ -ਯੋਗ, ਆਲਮੀ ਭਲਾਈ ਲਈ ਭਾਰਤ ਦੀ ਇੱਛਾ ਨੂੰ ਦਰਸਾਉਂਦਾ ਏ ।

- IIT ਰੋਪੜ ਨੇ, ਇੰਡੀਅਨ ਇੰਸਟੀਚਿਊਸ਼ਨਲ ਰੈਂਕਿੰਗ ਫਰੇਮਵਰਕ ਵਲੋਂ ਜਾਰੀ, ਚੋਟੀ ਦੇ ਇੰਜੀਨੀਅਰਿੰਗ ਕਾਲਜਾਂ ਦੀ ਰੈਂਕਿੰਗ ਵਿੱਚ 12ਵਾਂ ਸਥਾਨ ਹਾਸਲ ਕੀਤਾ।
- ਖ਼ੂਨਦਾਨ ਕਰਨ ਵਾਲਿਆਂ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕਰਨ ਲਈ, ਅੱਜ ਵਿਸ਼ਵ ਖ਼ੂਨਦਾਨੀ ਦਿਵਸ ਮਨਾਇਆ ਜਾ ਰਿਹਾ ਏ ।
- ਪੰਜਾਬ ਸਮੇਤ ਉੱਤਰੀ ਭਾਰਤ 'ਚ ਗਰਮੀ ਦਾ ਕਹਿਰ ਜਾਰੀ - ਮੌਸਮ ਵਿਭਾਗ ਨੇ ਅੱਜ ਪੰਜਾਬ ਤੇ ਹਰਿਆਣਾ ਵਿਚ ਗਰਜ ਨਾਲ ਮੀਹਂ ਪੈਣ ਦੀ ਪੇਸ਼ੀਨਗੋਈ ਕੀਤੀ ।

***ਇਸਦੇ ਨਾਲ ਪ੍ਰਦੇਸ਼ਕ  ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ  ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !***